# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :05-09-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਪੰਜਾਬ ਸਮੇਤ ਦੇਸ਼ ਭਰ ਵਿੱਚ ਕੁਦਰਤੀ ਆਫ਼ਤਾਂ ਦੌਰਾਨ ਬਚਾਅ ਅਤੇ ਰਾਹਤ ਕਾਰਜਾਂ ਵਿੱਚ ਸ਼ਾਮਲ ਲੋਕਾਂ ਦੇ ਜਜ਼ਬੇ ਦੀ ਸ਼ਲਾਘਾ ਕੀਤੀ ਏ. ਉਨ੍ਹਾਂ ਕਿਹਾ ਕਿ ਰਾਸ਼ਟਰ ਇਕਜੁਟ ਹੋ ਕੇ ਇਸ ਚੁਣੌਤੀ ਨੂੰ ਸਰ ਕਰੇਗਾ।
- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਪੰਜਾਬ ਵਿੱਚ ਹੜ੍ਹਾਂ ਦੀ ਸਥਿਤੀ 'ਤੇ ਬੇਹਦ ਚਿੰਤਤ ਨੇ ਤੇ ਕੇਂਦਰ ਸਰਕਾਰ, ਪੰਜਾਬ ਨੂੰ ਇਸ ਸੰਕਟ ‘ਚੋਂ ਕੱਢਣ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ।

- BBMB ਦੇ ਚੇਅਰਮੈਨ, ਮਨੋਜ ਤ੍ਰਿਪਾਠੀ ਨੇ ਭਰੋਸਾ ਦਿੱਤਾ ਏ ਕਿ ਭਾਖੜਾ ਡੈਮ ਤੋਂ ਵਾਧੂ ਪਾਣੀ ਦੇ ਵਹਾਅ ਦਾ ਕੋਈ ਖ਼ਤਰਾ ਨਹੀਂ ਏ, ਇਸ ਲਈ ਹੁਣ ਚਿੰਤਾ ਕਰਨ ਦੀ ਕੋਈ ਲੋੜ ਨਹੀਂ ਏ।
- ਅੱਜ ਦੇਸ਼ ਭਰ ਵਿੱਚ ਅਧਿਆਪਕ ਦਿਵਸ ਮਨਾਇਆ ਜਾ ਰਿਹਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਖੇ ਅਧਿਆਪਕਾਂ ਨੂੰ ਰਾਸ਼ਟਰੀ award ਪ੍ਰਦਾਨ ਕੀਤੇ.
- ਈਦ ਮਿਲਾਦ-ਉਨ-ਨਬੀ ਦਾ ਤਿਉਹਾਰ ਅੱਜ ਦੇਸ਼ ਭਰ ਵਿੱਚ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ

## **ਹੁਣ ਖਬਰਾਂ ਵਿਸਥਾਰ ਨਾਲ**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਦੇਸ਼ ਭਰ ਵਿੱਚ ਕੁਦਰਤੀ ਆਫ਼ਤਾਂ ਦੌਰਾਨ ਬਚਾਅ ਅਤੇ ਰਾਹਤ ਕਾਰਜਾਂ ਵਿੱਚ ਸ਼ਾਮਲ ਲੋਕਾਂ ਦੇ ਜਜ਼ਬੇ ਦੀ ਸ਼ਲਾਘਾ ਕੀਤੀ ਏ. ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਇਸ ਸਾਲ ਮਾਨਸੂਨ ਦੌਰਾਨ ਕੁਦਰਤੀ ਆਫ਼ਤਾਂ ਬਾਰੇ ਪਤਾ ਲੱਗਣ 'ਤੇ ਉਹ ਬੇਹਦ ਦੁਖੀ ਨੇ. ਉਨ੍ਹਾਂ ਕਿਹਾ ਕਿ ਪਹਾੜੀਆਂ ਵਿੱਚ

ਬੱਦਲ ਫਟਣ ਅਤੇ ਮੈਦਾਨੀ ਇਲਾਕਿਆਂ ਵਿੱਚ ਹੜ੍ਹਾਂ ਨੇ ਭਾਰੀ ਨੁਕਸਾਨ ਕੀਤਾ ਏ , ਜਿਸ ਕਾਰਨ ਪੰਜਾਬ, ਉੱਤਰਾਖੰਡ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ ਅਤੇ ਦੇਸ਼ ਦੇ ਕਈ ਹੋਰ ਹਿੱਸਿਆਂ ਵਿੱਚ ਲੋਕਾਂ ਦੀਆਂ ਜਾਨਾਂ ਗਈਆਂ ਨੇ ਤੇ ਤਬਾਹੀ ਹੋਈ ਏ। ਉਨ੍ਹਾਂ ਕਿਹਾ ਕਿ ਰਾਸ਼ਟਰ ਆਫ਼ਤਾਂ ਤੋਂ ਪ੍ਰਭਾਵਿਤ ਲੋਕਾਂ ਦਾ ਦੁੱਖ ਸਾਂਝਾ ਕਰਦਾ ਏ ਅਤੇ ਇਸ ਸੰਕਟ ਵਿੱਚ ਉਨ੍ਹਾਂ ਦੇ ਨਾਲ ਏ। ਉਨ੍ਹਾਂ ਅੱਗੇ ਕਿਹਾ ਕਿ ਰਾਸ਼ਟਰ ਇਕੱਠੇ ਹੋ ਕੇ ਇਸ ਚੁਣੌਤੀ ਨੂੰ ਸਰ ਕਰੇਗਾ।

---------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਪ੍ਰਧਾਨ ਮੰਤਰੀ ਪੰਜਾਬ ਵਿੱਚ ਹੜ੍ਹਾਂ ਦੀ ਸਥਿਤੀ 'ਤੇ ਬੇਹਦ ਚਿੰਤਤ ਨੇ. ਸ੍ਰੀ ਚੌਹਾਨ, ਜੋ ਕੱਲ੍ਹ ਹੜ੍ਹਾਂ ਨਾਲ ਪ੍ਰਭਾਵਿਤ ਪੰਜਾਬ ਦੇ ਇੱਕ ਦਿਨ ਦੇ ਦੌਰੇ 'ਤੇ ਸਨ, ਅਤੇ ਜਿਹਨਾਂ ਸਥਿਤੀ ਦਾ ਜਾਇਜ਼ਾ ਲੈਣ ਲਈ ਅੰਮ੍ਰਿਤਸਰ, ਗੁਰਦਾਸਪੁਰ ਅਤੇ ਕਪੂਰਥਲਾ ਦੇ ਕੁਝ ਪਿੰਡਾਂ ਦਾ ਦੌਰਾ ਕੀਤਾ, ਨੇ ਕਿਹਾ ਕਿ ਉਹ ਪ੍ਰਧਾਨ ਮੰਤਰੀ ਨੂੰ ਹੋਏ ਨੁਕਸਾਨ ਦੀ ਵੇਰਵੇ ਸਹਿਤ ਰਿਪੋਰਟ ਸੌਂਪਣਗੇ। ਉਨ੍ਹਾਂ ਕਿਹਾ ਕਿ ਸੰਕਟ

ਬਹੁਤ ਵੱਡਾ ਏ, ਪਰ ਕੇਂਦਰ ਸਰਕਾਰ, ਪੰਜਾਬ ਨੂੰ ਇਸ ਵਿੱਚੋਂ ਕੱਢਣ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਸਾਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਦੀ ਮੁੜ੍ਹ ਉਸਾਰੀ ਲਈ ਯੋਜਨਾਬੱਧ ਤਰੀਕੇ ਨਾਲ ਕੰਮ ਕਰਨ ਦੀ ਲੋੜ ਏ । ਪੰਜਾਬ ਨੂੰ ਇਸ ਸੰਕਟ ਵਿੱਚੋਂ ਕੱਢਣ ਲਈ ਥੋੜ੍ਹੇ ਸਮੇਂ, ਦਰਮਿਆਨੇ ਸਮੇਂ ਅਤੇ ਲੰਮੇ ਸਮੇਂ ਦੀਆਂ ਯੋਜਨਾਵਾਂ ਬਣਾਉਣੀਆਂ ਹੋਣਗੀਆਂ. ਰਾਜ ਵਿੱਚ ਸਤਲੁਜ, ਬਿਆਸ, ਰਾਵੀ ਅਤੇ ਘੱਗਰ ਦਰਿਆਵਾਂ ਦੇ ਕੰਢਿਆਂ 'ਤੇ ਬੰਨ੍ਹਾਂ ਨੂੰ ਕਮਜ਼ੋਰ ਕਰਨ, ਜਿਸ ਕਾਰਨ ਪਿੰਡਾਂ ਵਿੱਚ ਪਾਣੀ ਦਾਖਲ ਹੋਇਆ, ਲਈ ਗੈਰ-ਕਾਨੂੰਨੀ ਮਾਈਨਿੰਗ ਨੂੰ ਜ਼ਿੰਮੇਵਾਰ ਠਹਿਰਾਉਂਦੇ ਹੋਏ, ਸ਼੍ਰੀ. ਚੌਹਾਨ ਨੇ ਕਿਹਾ ਕਿ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਅਤੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਸ਼ਾਸਨਕਾਲ ਦੌਰਾਨ, ਹੜ੍ਹਾਂ ਤੋਂ ਫਸਲਾਂ ਦੀ ਰਾਖੀ ਲਈ ਇਨ੍ਹਾਂ ਨੂੰ ਮਜ਼ਬੂਤ ਕੀਤਾ ਗਿਆ ਅਤੇ ਉੱਚਾ ਚੁੱਕਿਆ ਗਿਆ ਸੀ। ਉਨ੍ਹਾਂ ਕਿਹਾ ਕਿ ਹੁਣ ਇਨ੍ਹਾਂ ਨੂੰ ਦੁਬਾਰਾ ਮਜ਼ਬੂਤ ਕਰਨਾ ਜ਼ਰੂਰੀ ਏ ਤਾਂ ਜੋ ਭਵਿੱਖ ਵਿੱਚ ਪੰਜਾਬ ਨੂੰ ਅਜਿਹੀਆਂ ਤ੍ਰਾਸਦੀਆਂ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੂੰ

ਵੀ ਜ਼ਮੀਨੀ ਪੱਧਰ 'ਤੇ ਪੂਰੀ ਗੰਭੀਰਤਾ ਨਾਲ ਕੰਮ ਕਰਨਾ ਪਵੇਗਾ। ਮੁਸ਼ਕਿਲ ਦੀ ਇਸ ਘੜੀ ਵਿੱਚ ਆਮ ਲੋਕਾਂ ਅਤੇ ਸਮਾਜ ਸੇਵਕਾਂ ਵੱਲੋਂ ਹੜ੍ਹ ਪੀੜਤਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਉਹ ਪੰਜਾਬੀਆਂ ਦੇ ਸੇਵਾ ਦੇ ਇਸ ਜਜ਼ਬੇ ਨੂੰ ਸਲਾਮ ਕਰਦੇ ਨੇ. ਮੰਤਰੀ ਨੇ ਕਿਹਾ ਕਿ ਏਕਤਾ ਅਤੇ ਸੇਵਾ ਦੀ ਇਹ ਭਾਵਨਾ ਸਾਨੂੰ ਮੌਜੂਦਾ ਸੰਕਟ ਤੋਂ ਵੀ ਵੱਡੇ ਸੰਕਟ ਵਿੱਚੋਂ ਬਾਹਰ ਨਿਕਲਣ ਦੀ ਤਾਕਤ ਦਿੰਦੀ ਏ । ਪੀੜਤ ਮਨੁੱਖਤਾ ਦੀ ਸੇਵਾ ਕਰਨਾ ਪਰਮਾਤਮਾ ਦੀ ਪੂਜਾ ਕਰਨ ਵਾਂਗ ਏ । ਉਨ੍ਹਾਂ ਕੇਂਦਰ ਵੱਲੋਂ ਸੂਬੇ ਨੂੰ ਪੂਰੀ ਹਮਾਇਤ ਦੇਣ ਦਾ ਭਰੋਸਾ ਦਿੱਤਾ।

---------------------------------------------------

ਪੰਜਾਬ ਪਿਛਲੇ ਕਈ ਦਿਨਾਂ ਤੋਂ ਆਪਣੇ ਸਾਰੇ 23 ਜ਼ਿਲ੍ਹਿਆਂ, ਖਾਸ ਕਰਕੇ ਸਰਹੱਦੀ ਜ਼ਿਲ੍ਹਿਆਂ ਗੁਰਦਾਸਪੁਰ, ਅੰਮ੍ਰਿਤਸਰ, ਫਿਰੋਜ਼ਪੁਰ, ਫਾਜ਼ਿਲਕਾ ਅਤੇ ਪਠਾਨਕੋਟ ਵਿੱਚ ਤਬਾਹਕੁੰਨ ਹੜ੍ਹਾਂ ਨਾਲ ਜੂਝ ਰਿਹਾ ਏ ਤੇ ਹੁਣ ਤਕ ਹੜ੍ਹਾਂ ‘ਚ 43 ਲੋਕਾਂ ਦੀ ਜਾਨ ਜਾ ਚੁਕੀ ਏ . ਓਧਰ , ਹੁਣ ਸਤਲੁਜ ਦੇ ਤੇਜ਼ ਵਹਾਅ ਅਤੇ ਘੱਗਰ, ਟਾਂਗਰੀ ਅਤੇ ਮਾਰਕੰਡਾ ਨਦੀਆਂ ਦੇ

ਓਵਰਫਲੋਅ ਹੋਣ ਦੇ ਮੱਦੇਨਜ਼ਰ ਲੁਧਿਆਣਾ ਅਤੇ ਪਟਿਆਲਾ ਦੇ ਕੁਝ ਪਿੰਡਾਂ ਵਿੱਚ ਵੀ ਅਲਰਟ ਜਾਰੀ ਕੀਤਾ ਗਿਆ ਏ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਜਾਣ ਦੀ ਅਪੀਲ ਕੀਤੀ ਗਈ ਏ। ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਭਾਖੜਾ ਬੰਨ ਦਾ ਪੱਧਰ, ਕੱਲ੍ਹ ਆਪਣੀ ਵੱਧ ਤੋਂ ਵੱਧ ਸਮਰੱਥਾ ਦੇ ਨੇੜੇ ਸੀ ਅਤੇ ਵੱਡੀ ਮਾਤਰਾ ਵਿੱਚ ਪਾਣੀ ਛਡਣਾ ਪਿਆ ਸੀ ਤੇ, ਹੁਣ ਸਥਿਰ ਏ। **ਇੱਕ ਰਿਪੋਰਟ -**

------------------------------------------------

ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਰੈੱਡ ਕਰਾਸ ਸੋਸਾਇਟੀ ਪੰਜਾਬ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਲਈ ਰਾਹਤ ਸਮੱਗਰੀ ਲੈ ਕੇ ਜਾਣ ਵਾਲੇ 9 ਟਰੱਕਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਹ ਸਾਰੇ 9 ਟਰੱਕ ਜਲੰਧਰ ਫਿਰੋਜ਼ਪੁਰ, ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ, ਕਪੂਰਥਲਾ, ਹੁਸ਼ਿਆਰਪੁਰ, ਰੋਪੜ, ਲੁਧਿਆਣਾ, ਅਤੇ ਮਲੇਰਕੋਟਲਾ ਭੇਜੇ ਜਾ ਰਹੇ ਨੇ. ਇਹ ਰਾਹਤ ਸਮੱਗਰੀ ਸਬੰਧਤ ਜ਼ਿਲ੍ਹਿਆਂ ਦੀਆਂ ਰੈੱਡ ਕਰਾਸ ਇਕਾਈਆਂ ਰਾਹੀਂ

ਲੋੜਵੰਦ ਹੜ੍ਹ ਪੀੜਤਾਂ ਨੂੰ ਵੰਡੀ ਜਾਵੇਗੀ। ਰਾਹਤ ਸਮੱਗਰੀ ਵਿੱਚ ਪਰਿਵਾਰਕ ਤੰਬੂ, ਤਰਪਾਲਾਂ, ਰਸੋਈ ਸੈੱਟ, ਕੰਬਲ ਅਤੇ ਸੈਨੇਟਰੀ ਪੈਡ, ਰਾਸ਼ਨ, ਸਾਬਣ ਆਦਿ ਸਮੇਤ 7 ਹਜ਼ਾਰ ਘਰੇਲੂ ਸਮਾਨ ਸ਼ਾਮਲ ਏ। ਪਸ਼ੂਆਂ ਦਾ 100 ਟਨ ਚਾਰਾ ਵੀ ਭੇਜਿਆ ਗਿਆ ਏ।

--------------------------------------------------------------

ਭਾਖੜਾ ਬਿਆਸ ਪ੍ਰਬੰਧਨ ਬੋਰਡ (BBMB) ਦੇ ਚੇਅਰਮੈਨ, ਮਨੋਜ ਤ੍ਰਿਪਾਠੀ ਨੇ ਭਰੋਸਾ ਦਿੱਤਾ ਏ ਕਿ ਭਾਖੜਾ ਡੈਮ ਤੋਂ ਵਾਧੂ ਪਾਣੀ ਦੇ ਵਹਾਅ ਦਾ ਕੋਈ ਖ਼ਤਰਾ ਨਹੀਂ ਏ, ਇਸ ਲਈ ਹੁਣ ਚਿੰਤਾ ਕਰਨ ਦੀ ਕੋਈ ਲੋੜ ਨਹੀਂ ਏ। ਉਨ੍ਹਾਂ ਕਿਹਾ ਕਿ ਇਸ ਸਾਲ ਬਿਆਸ ਦਰਿਆ ਵਿੱਚ ਪਾਣੀ ਦਾ ਵਹਾਅ ਬੇਹਦ ਜ਼ਿਆਦਾ ਅਤੇ ਇੰਨਾ ਏ ਕਿ ਜਿੰਨਾ ਪਹਿਲਾਂ ਕਦੇ ਨਹੀਂ ਹੋਇਆ। ਬਿਆਸ ਦਰਿਆ ਉੱਤੇ ਬਣੇ ਪੌਂਗ ਡੈਮ ਵਿੱਚ ਇੰਨੀ ਮਾਤਰਾ ਵਿੱਚ ਪਾਣੀ ਕਦੇ ਨਹੀਂ ਆਇਆ। ਇਸ ਸਾਲ ਪਾਣੀ ਦਾ ਵਹਾਅ 11.70 ਬਿਲੀਅਨ ਕਿਊਬਿਕ ਮੀਟਰ (ਬੀਸੀਐਮ) ਸੀ, ਜੋ ਕਿ ਸਾਲ 2023 ਨਾਲੋਂ 20 ਫੀਸਦੀ ਵੱਧ ਸੀ-

**byte**

ਹਾਲਾਂਕਿ, ਉਨ੍ਹਾਂ ਕਿਹਾ ਕਿ ਹੁਣ ਚਿੰਤਾ ਕਰਨ ਦੀ ਕੋਈ ਲੋੜ ਨਹੀਂ ਏ ਕਿਉਂਕਿ ਭਾਰਤੀ ਮੌਸਮ ਵਿਭਾਗ ਅਤੇ ਹੋਰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਮੌਸਮ ਏਜੰਸੀਆਂ ਨੇ ਆਉਣ ਵਾਲੇ ਦਿਨਾਂ ਵਿੱਚ ਜ਼ਿਆਦਾ ਮੀਂਹ ਜਾਂ ਅਜਿਹੇ ਕਿਸੇ ਵੀ ਹਾਲਤ ਦੀ ਪੇਸ਼ੀਨਗੋਈ ਨਹੀਂ ਕੀਤੀ ਏ –

**byte**

ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਸ੍ਰੀ ਤ੍ਰਿਪਾਠੀ ਨੇ ਕਿਹਾ ਕਿ ਪਾਣੀ ਦੀ ਸੰਭਾਲ ਦੀ ਰੂੜੀਵਾਦੀ ਪਹੁੰਚ ਨੂੰ ਛੱਡਣ ਦੀ ਲੋੜ ਏ. ਮੌਸਮ ਵਿਭਾਗ ਨੇ 15 ਅਪ੍ਰੈਲ ਤੱਕ ਮੌਨਸੂਨ ਦਾ ਮੀਂਹ ਪੈਣ ਦੀ ਸੰਭਾਵਨਾ ਜਤਾਈ ਏ, ਇਸ ਲਈ ਹੁਣ ਤੋਂ ਸਾਨੂੰ ਇਸ ਮੁਤਾਬਿਕ ਕੰਮ ਕਰਨਾ ਪਵੇਗਾ ਕਿ ਡੈਮ ਦੇ ਭੰਡਾਰ ਵਿੱਚ ਕਿੰਨਾ ਪਾਣੀ ਰੱਖਣਾ ਏ ਅਤੇ ਭਵਿੱਖ ਵਿੱਚ ਅਜਿਹੀ ਕਿਸੇ ਵੀ ਸਥਿਤੀ ਤੋਂ ਬਚਣ ਲਈ ਕਿੰਨਾ ਪਾਣੀ ਛੱਡਿਆ ਜਾਣਾ ਏ।

-----------------------------------------------------------

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਅੱਜ ਲੋਕਾਂ ਨੂੰ

ਸੋਸ਼ਲ ਮੀਡੀਆ 'ਤੇ ਫੈਲ ਰਹੀਆਂ ਪਾੜ ਦੀਆਂ ਝੂਠੀਆਂ ਖਬਰਾਂ ਤੋਂ ਨਾ ਘਬਰਾਉਣ ਦੀ ਅਪੀਲ ਕੀਤੀ ਏ ਤੇ, ਸਪੱਸ਼ਟ ਕੀਤਾ ਏ ਕਿ ਜ਼ਿਲ੍ਹੇ ਵਿੱਚ ਹੁਣ ਤੱਕ ਅਜਿਹੀ ਕੋਈ ਘਟਨਾ ਨਹੀਂ ਵਾਪਰੀ ਏ।

**byte**

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਲੋੜ ਪੈਣ 'ਤੇ ਜ਼ਿਲ੍ਹਾ ਪੱਧਰੀ ਹੜ੍ਹ ਕੰਟਰੋਲ ਰੂਮ ਹੈਲਪਲਾਈਨ ਨੰਬਰ 0-161-243-310-0 'ਤੇ ਸੰਪਰਕ ਕਰੋ.

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਸਤੂ ਤੇ ਸੇਵਾ ਟੈਕਸ GST ਨੂੰ ਤਰਕਸੰਗਤ ਬਣਾਉਣ ਨੂੰ ਆਜ਼ਾਦੀ ਤੋਂ ਬਾਅਦ ਦਾ ਸਭ ਤੋਂ ਵੱਡਾ ਸੁਧਾਰ ਦੱਸਿਆ ਏ. ਸ਼੍ਰੀ ਮੋਦੀ ਨੇ ਕਿਹਾ ਕਿ ਇਸ ਕਦਮ ਨਾਲ ਕਈ ਵਸਤਾਂ 'ਤੇ ਟੈਕਸ ਘਟੇਗਾ ਤੇ ਮਧ ਵਰਗ ਦੀਆਂ ਜੇਬਾਂ 'ਚ ਪੈਸਾ ਆਉਣ ਦੀ ਉਮੀਦ ਏ. ਸ਼੍ਰੀ ਮੋਦੀ ਨੇ ਕਿਹਾ ਕਿ 2 ਟੈਕਸ ਸਲੈਬਾਂ ਵਾਲਾ ਨਵਾਂ ਟੈਕਸ ਨਿਜ਼ਾਮ 22 ਸਤੰਬਰ ਨਰਾਤਿਆਂ ਦੇ ਪਹਿਲੇ ਦਿਨ ਤੋਂ ਲਾਗੂ ਹੋ ਜਾਏਗਾ.

ਕੇਂਦਰ ਵਲੋਂ ਹਾਲ ਹੀ ਵਿਚ ਵਸਤੂ ਤੇ ਸੇਵਾ ਟੈਕਸ ‘ਤੇ GST ਦਰਾਂ ਵਿਚ ਕਟੌਤੀ ਦੀ ਸਮਾਜ ਦੇ ਵਖ – ਵਖ ਵਰਗਾਂ ਨੇ ਸ਼ਲਾਘਾ ਕੀਤੀ ਏ .

**Byte**

---------------------------------------------------------

ਅੱਜ ਦੇਸ਼ ਭਰ ਵਿੱਚ ਅਧਿਆਪਕ ਦਿਵਸ ਮਨਾਇਆ ਜਾ ਰਿਹਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਖੇ ਅਧਿਆਪਕਾਂ ਨੂੰ ਰਾਸ਼ਟਰੀ award ਪ੍ਰਦਾਨ ਕੀਤ

------------------------------------------------------

ਪੈਗੰਬਰ ਹਜ਼ਰਤ ਮੁਹੰਮਦ ਦੇ ਜਨਮ ਦਾ ਦਿਨ, ਈਦ ਮਿਲਾਦ-ਉਨ-ਨਬੀ ਅੱਜ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਧਾਰਮਿਕ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਿਲਾਦ-ਉਨ-ਨਬੀ ਦੇ ਮੌਕੇ 'ਤੇ ਦੇਸ਼ ਨੂੰ ਵਧਾਈ ਦਿੱਤੀ ਏ।

---------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਪੰਜਾਬ ਸਮੇਤ ਦੇਸ਼ ਭਰ ਵਿੱਚ ਕੁਦਰਤੀ ਆਫ਼ਤਾਂ ਦੌਰਾਨ ਬਚਾਅ ਅਤੇ ਰਾਹਤ ਕਾਰਜਾਂ ਵਿੱਚ ਸ਼ਾਮਲ ਲੋਕਾਂ ਦੇ ਜਜ਼ਬੇ ਦੀ ਸ਼ਲਾਘਾ ਕੀਤੀ ਏ. ਉਨ੍ਹਾਂ ਕਿਹਾ ਕਿ ਰਾਸ਼ਟਰ ਇਕਜੁਟ ਹੋ ਕੇ ਇਸ ਚੁਣੌਤੀ ਨੂੰ ਸਰ ਕਰੇਗਾ।
- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਪੰਜਾਬ ਵਿੱਚ ਹੜ੍ਹਾਂ ਦੀ ਸਥਿਤੀ 'ਤੇ ਬੇਹਦ ਚਿੰਤਤ ਨੇ ਤੇ ਕੇਂਦਰ ਸਰਕਾਰ, ਪੰਜਾਬ ਨੂੰ ਇਸ ਸੰਕਟ ‘ਚੋਂ ਕੱਢਣ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ।

- BBMB ਦੇ ਚੇਅਰਮੈਨ, ਮਨੋਜ ਤ੍ਰਿਪਾਠੀ ਨੇ ਭਰੋਸਾ ਦਿੱਤਾ ਏ ਕਿ ਭਾਖੜਾ ਡੈਮ ਤੋਂ ਵਾਧੂ ਪਾਣੀ ਦੇ ਵਹਾਅ ਦਾ ਕੋਈ ਖ਼ਤਰਾ ਨਹੀਂ ਏ, ਇਸ ਲਈ ਹੁਣ ਚਿੰਤਾ ਕਰਨ ਦੀ ਕੋਈ ਲੋੜ ਨਹੀਂ ਏ ।
- ਅੱਜ ਦੇਸ਼ ਭਰ ਵਿੱਚ ਅਧਿਆਪਕ ਦਿਵਸ ਮਨਾਇਆ ਜਾ ਰਿਹਾ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਖੇ ਅਧਿਆਪਕਾਂ ਨੂੰ ਰਾਸ਼ਟਰੀ award ਪ੍ਰਦਾਨ ਕੀਤੇ.

- ਈਦ ਮਿਲਾਦ-ਉਨ-ਨਬੀ ਦਾ ਤਿਉਹਾਰ ਅੱਜ ਦੇਸ਼ ਭਰ ਵਿੱਚ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ

----------------------------------------------------------------------------------------------------

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**